ਮੁੱਖ ਦਫ਼ਤਰ
**ਸ਼੍ਰੋਮਣੀ ਅਕਾਲੀ ਦਲ**

Head Office
**Shiromani Akali Dal**

ਨੰ: 236/ਸ਼੍ਰੋ.ਅ.ਦਲ/2024

ਮਿਤੀ 24 ਜੁਲਾਈ, 2024

ਵਿਸ਼ਾ :- ਸਪੱਸ਼ਟੀਕਰਨ (ਹਵਾਲਾ ਆਪ ਜੀ ਦਾ ਪੱਤਰ ਨੰਬਰ ਅ:3/24/204 ਮਿਤੀ 17.07.2024 ਦੇ ਸਬੰਧ ਵਿੱਚ)।

ਪਰਮ ਸਤਿਕਾਰਯੋਗ ਗਿਆਨੀ ਰਘਬੀਰ ਸਿੰਘ ਜੀ,
ਜਥੇਦਾਰ ਸਾਹਿਬ, ਸ਼੍ਰੀ ਅਕਾਲ ਤਖਤ ਸਾਹਿਬ,
ਸ਼੍ਰੀ ਅੰਮ੍ਰਿਤਸਰ।

ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ ॥

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਸਮੂਹ ਪੰਜਾਬੀਆਂ ਅਤੇ ਵਿਸ਼ੇਸ਼ ਕਰਕੇ ਸਿੱਖ ਕੌਮ ਦੀ ਨੁਮਾਇੰਦਾ ਜਥੇਬੰਦੀ ਹੈ। ਇਸ ਜਥੇਬੰਦੀ ਦੀ ਸਥਾਪਨਾ ਵੀ 14 ਦਸੰਬਰ, 1920 ਨੂੰ ਸ਼੍ਰੀ ਅਕਾਲ ਤਖਤ ਸਾਹਿਬ 'ਤੇ ਹੋਈ ਸੀ ਅਤੇ ਸਥਾਪਨਾ ਤੋਂ ਲੈ ਕੇ ਅੱਜ ਤੱਕ ਇਹ ਮਹਾਨ ਜਥੇਬੰਦੀ 10 ਗੁਰੂ ਸਹਿਬਾਨ ਅਤੇ ਜੁਗੋ-ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਫਲਸਫੇ ਤੋਂ ਸੇਧ ਲੈ ਕੇ, ਸਰਬੱਤ ਦੇ ਭਲੇ ਵਾਸਤੇ ਦਿਨ ਰਾਤ ਮਿਹਨਤ ਕਰ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਰਿਹਾ ਹੈ ਅਤੇ ਰਹੇਗਾ।

ਜਿੱਥੋਂ ਤੱਕ ਮੇਰੇ ਖਿਲਾਫ ਕੁਝ ਸੀਨੀਅਰ ਆਗੂਆਂ ਵੱਲੋਂ ਦਿੱਤੀ ਗਈ ਸ਼ਿਕਾਇਤ ਦਾ ਸਬੰਧ ਹੈ, ਉਸਦੇ ਸਪੱਸ਼ਟੀਕਰਨ ਤੋਂ ਪਹਿਲਾਂ ਮੈਂ ਕੁਝ ਮਹੱਤਵਪੂਰਨ ਤੱਥ ਤੁਹਾਡੇ ਧਿਆਨ ਵਿੱਚ ਲਿਆਉਣਾਂ ਚਾਹੁੰਦਾ ਹਾਂ ਕਿ ਕੁਝ ਦੁਖਦਾਈ ਘਟਨਾਵਾਂ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਸਾਲ 2007 ਤੋਂ ਲੈ ਕੇ ਅਕਤੂਬਰ 2015 ਤੱਕ ਵਾਪਰੀਆਂ ਸਨ । ਇਹਨਾਂ ਹਿਰਦੇਵੇਂਧਕ ਘਟਨਾਵਾਂ ਨੂੰ ਲੈ ਕੇ ਉਸ ਵੇਲੇ ਦੇ ਮੁੱਖ ਮੰਤਰੀ ਸਵਰਗੀ ਸ. ਪਰਕਾਸ਼ ਸਿੰਘ ਜੀ ਬਾਦਲ ਤਤਕਾਲੀ ਜਥੇਦਾਰ ਸਾਹਿਬ, ਸ਼੍ਰੀ ਅਕਾਲ ਤਖਤ ਸਾਹਿਬ ਕੋਲ 17 ਅਕਤੂਬਰ, 2015 ਨੂੰ ਸ਼੍ਰੀ ਅਕਾਲ

ਪਤਾ ਦਫ਼ਤਰ : ਪਲਾਟ ਨੰ. 6, ਸੈਕਟਰ 28-ਬੀ, ਮੱਧਿਆ ਮਾਰਗ, ਚੰਡੀਗੜ੍ਹ - 160002
Phone : 0172-26392..
Address : Plot No. 6, Sector 28-B, Madhya Marg, Chandigarh - 160 002
E-mail : shiromaniakalidal2017@gmail.com, akalidalheadoffice@gmail.com

ਮੁੱਖ ਦਫ਼ਤਰ

# ਸ਼੍ਰੋਮਣੀ ਅਕਾਲੀ ਦਲ

Head Office

# Shiromani Akali Dal

ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਨਿਜੀ ਤੌਰ 'ਤੇ ਹਾਜ਼ਰ ਹੋਏ ਸਨ। ਉਹਨਾਂ ਨੇ ਪਸ਼ਚਾਤਾਪ ਦੀ ਭਾਵਨਾ ਨਾਲ ਆਪਣੇ ਮਨ ਦੀ ਪੀੜ੍ਹਾ ਇੱਕ ਲਿਖਤੀ ਪੱਤਰ ਵਿੱਚ ਸਿੰਘ ਸਾਹਿਬ ਨੂੰ ਪੇਸ਼ ਕੀਤੀ ਸੀ। ਮੈਂ ਉਸ ਪੱਤਰ ਦਾ ਉਤਾਰਾ ਹੂ-ਬ-ਹੂ ਹੇਠਾਂ ਦਰਜ ਕਰ ਰਿਹਾ ਹਾਂ :

ਮਿਤੀ 17 ਅਕਤੂਬਰ, 2015

ਜਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੀ ਅੰਮ੍ਰਿਤਸਰ
ਸਤਿਕਾਰਯੋਗ ਸਿੰਘ ਸਾਹਿਬ ਜੀਓ

ਗੁਰ ਫ਼ਤਿਹ ਪ੍ਰਵਾਨ ਹੋਵੇ ਜੀ।

ਪਿਛਲੇ ਦਿਨੀ ਜੋ ਘਟਨਾਕ੍ਰਮ ਵਾਪਰਿਆ ਹੈ ਉਹ ਬੇਹੱਦ ਦੁੱਖਦਾਈ ਅਤੇ ਪੀੜ੍ਹਾ ਭਰਿਆ ਹੈ। ਇਸ ਨਾਲ ਪੰਜਾਬੀ ਸਮਾਜ ਅਤੇ ਖਾਸ ਤੌਰ ਤੇ ਸਿੱਖ ਭਾਈਚਾਰੇ ਦੀ ਮਾਨਸਿਕਤਾ ਨੂੰ ਵੱਡੀ ਸੱਟ ਵੱਜੀ ਹੈ ਅਤੇ ਮਨਾਂ ਵਿੱਚ ਦਰਦ ਦਾ ਅਹਿਸਾਸ ਬੇਹੱਦ ਡੂੰਘਾ ਹੋਇਆ ਹੈ। ਅਣਕਿਆਸੀਆਂ ਘਟਨਾਵਾਂ ਨਵੇਂ ਰਸਤੇ ਅਖਤਿਆਰ ਕਰ ਰਹੀਆਂ ਹਨ ਜੋ ਹੋਰ ਵੀ ਜੋਖਮ ਭਰੇ ਬਣ ਸਕਦੇ ਹਨ।

ਪੰਜਾਬ ਦਾ ਪ੍ਰਸ਼ਾਸ਼ਨਿਕ ਮੁੱਖੀ ਹੋਣ ਕਾਰਨ ਮੈਨੂੰ ਵਾਪਰ ਰਹੇ ਅਜਿਹੇ ਅਣਕਿਆਸੇ ਘਟਨਾਕ੍ਰਮ ਦਾ ਅਹਿਸਾਸ ਹੈ। ਪਿਛਲੇ ਲੰਬੇ ਸਮੇ ਤੋਂ ਮੈਂ ਸੌਂਪੇ ਗਏ ਫਰਜਾਂ ਦੀ ਪਾਲਣਾ ਪੂਰੀ ਤਨਦੇਹੀ ਅਤੇ ਸ਼ਿੱਦਤ ਨਾਲ ਕਰਨ ਦਾ ਯਤਨ ਕੀਤਾ ਹੈ। ਮੈਂ ਆਪਣਾ ਸਮੁੱਚਾ ਜੀਵਨ ਸਿਦਕ ਅਤੇ ਧਾਰਮਿਕ ਮਾਣਤਾਵਾਂ ਦੇ ਅਨੁਸਾਰੀ ਹੋ ਕੇ ਬਤੀਤ ਕੀਤਾ ਹੈ। ਸਿਦਕਦਿਲੀ ਨਾਲ ਆਪਣੇ ਫਰਜਾਂ ਦੀ ਪਾਲਣਾ ਕਰਦਿਆਂ ਕਈ ਵਾਰ ਅਜਿਹਾ ਕੁਝ ਵਾਪਰ ਜਾਂਦਾ ਹੈ ਜੋ ਕਿਆਸ ਤੋਂ ਬਾਹਰ ਹੁੰਦਾ ਹੈ। ਜਿਸ ਨਾਲ ਤੁਹਾਡੇ ਮਨ ਨੂੰ ਗਹਿਰੀ ਪੀੜ੍ਹਾ ਚੋਂ ਗੁਜਰਨਾ ਪੈਂਦਾ ਹੈ ਅਤੇ ਤੁਸੀਂ ਆਤਮਿਕ ਤੌਰ ਤੇ ਝੰਜੋੜੇ ਜਾਂਦੇ ਹੋ। ਤੁਹਾਡੇ ਅੰਦਰ ਪਛਚਾਤਾਪ ਦੀਆਂ ਭਾਵਨਾਵਾਂ ਪ੍ਰਬਲ ਹੋ ਜਾਂਦੀਆਂ ਹਨ। ਇਸ ਸਮੇ ਮੈਂ ਅਜਿਹੀ ਅੰਤਰ-ਮਨ ਦੀਆਂ ਪੀੜਾ ਤੋਂ ਗੁਜਰ ਰਿਹਾ ਹਾਂ।

ਇਸ ਦਿਸ਼ਾ ਵਿੱਚ ਪਿਛਲੇ ਸਮੇ ਵਿੱਚ ਜੋ ਵੀ ਦੁਖਦਾਈ ਵਾਪਰਿਆ ਹੈ ਉਸ ਨੇ ਆਤਮਿਕ ਤੌਰ ਤੇ ਮੈਨੂੰ ਧੁਰ ਅੰਦਰ ਤੋਂ ਝੰਜੋੜ ਕੇ ਰੱਖ ਦਿੱਤਾ ਹੈ। ਅਜਿਹੀਆਂ ਭਾਵਨਾਵਾਂ ਨੂੰ ਆਪਣੇ ਮਨ ਅੰਦਰ ਸਮੋਈ ਮੈਂ ਆਪਣੇ ਗੁਰੂ ਅੱਗੇ ਨਤਮਸਤਕ ਹੁੰਦਾ ਹਾਂ ਅਤੇ ਅਰਦਾਸ ਕਰਦਾ ਹਾਂ ਕਿ ਵਾਹਿਗੁਰੂ ਬਲ ਬਖਸ਼ਣ ਅਤੇ ਮਿਹਰ ਕਰਨ।

ਗੁਰੂ ਪੰਥ ਦਾ ਦਾਸ
(ਪਰਕਾਸ਼ ਸਿੰਘ ਬਾਦਲ)

ਪਤਾ ਦਫ਼ਤਰ : ਪ੍ਲਾਟ ਨੰ. 6, ਸੈਕਟਰ 28-ਬੀ, ਮੱਧਿਆ ਮਾਰਗ, ਚੰਡੀਗੜ੍ਹ - 160002
Address : Plot No. 6, Sector 28-B, Madhya Marg, Chandigarh - 160 002
E-mail : shiromaniakalidal2017@gmail.com, akalidalheadoffice@gmail.com
Phone : 0172-2639256

ਮੁੱਖ ਦਫ਼ਤਰ
ਸ਼੍ਰੋਮਣੀ ਅਕਾਲੀ ਦਲ

Head Office
Shiromani Akali Dal

ਉਪਰੋਕਤ ਪੱਤਰ ਤੋਂ ਸਪੱਸ਼ਟ ਹੈ ਕਿ ਤਤਕਾਲੀ ਮੁੱਖ ਮੰਤਰੀ ਸਾਹਿਬ ਦੇ ਮਨ ਉਪਰ ਉਸ ਵੇਲੇ ਵਾਪਰ ਰਹੀਆਂ ਅਣਕਿਆਸੀਆਂ ਘਟਨਾਵਾਂ ਦਾ ਭਾਰੀ ਬੋਝ ਸੀ ਅਤੇ ਉਹਨਾਂ ਨੇ ਆਪਣੇ ਮਨ ਦੀ ਵੇਦਨਾ ਤਤਕਾਲੀ ਜਥੇਦਾਰ ਜੀ ਦੇ ਸਨਮੁੱਖ ਭਰੇ ਮਨ ਨਾਲ ਰੱਖੀ ਸੀ।

ਸਤਿਕਾਰਯੋਗ ਸਿੰਘ ਸ਼ਾਹਿਬ ਜੀਓ,

ਸ੍ਰੀ ਅਕਾਲ ਤਖਤ ਸਾਹਿਬ ਬਖਸ਼ਿੰਦ ਗੁਰੂ ਦਾ ਬਖਸ਼ਿੰਦ ਤਖਤ ਹੈ। ਸਮਰੱਥ ਗੁਰੂ ਜਾਣੀ-ਜਾਣ ਹੈ। ਤਰਕ ਤੇ ਦਲੀਲਾਂ ਉਥੇ ਹੁੰਦੀਆਂ ਹਨ ਜਿੱਥੇ ਕਿਸੇ ਨੂੰ ਸਮਝਾਉਣ ਦੀ ਲੋੜ ਹੋਵੇ ਜਾਂ ਕੁਝ ਲੁਕਾਉਣ ਦੀ ਮਨਸ਼ਾ ਹੋਵੇ। ਦਾਸ ਗੁਰੂ ਘਰ ਦਾ ਨਿਮਾਣਾ ਸੇਵਕ ਹੈ। ਹਮੇਸ਼ਾਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਰਿਹਾ ਹੈ। ਮੈਂ ਬਿਨਾ ਕਿਸੇ ਸਵਾਲ-ਜਵਾਬ ਦੇ ਸੱਚੇ ਦਿਲੋਂ ਵਾਹਿਗੁਰੂ ਅੱਗੇ ਜੋਦੜੀ ਕਰ ਰਿਹਾ ਹਾਂ। ਜੋ ਵੀ ਸਾਡੇ ਖਿਲਾਫ ਲਿਖ ਕੇ ਦਿੱਤਾ ਗਿਆ ਹੈ, ਦਾਸ ਉਸ ਵਾਸਤੇ ਗੁਰੂ ਦੇ ਮਹਾਨ ਤਖਤ 'ਤੇ ਹਾਜਰ ਹੋ ਕੇ ਗੁਰੂ ਸਾਹਿਬ ਅਤੇ ਗੁਰੂ ਪੰਥ ਪਾਸੋਂ ਬਿਨ੍ਹਾਂ ਸ਼ਰਤ ਖਿਮਾ ਜਾਚਨਾਂ ਕਰਦਾ ਹੈ। ਪਰਿਵਾਰ ਦਾ ਮੁਖੀ ਹੋਣ ਦੇ ਨਾਤੇ ਦਾਸ ਸਾਰੀਆਂ ਭੁੱਲਾਂ ਨੂੰ ਆਪਣੀ ਝੋਲੀ ਵਿੱਚ ਪਾਉਂਦਾ ਹੈ। ਚਾਹੇ ਇਹ ਭੁੱਲਾਂ ਪਾਰਟੀ ਕੋਲੋਂ ਹੋਈਆਂ ਹਨ ਜਾਂ ਸਰਕਾਰ ਕੋਲੋਂ; ਦਾਸ ਚੇਤ-ਅਚੇਤ ਵਿੱਚ ਹੋਈਆਂ ਇਹਨਾਂ ਸਾਰੀਆਂ ਭੁੱਲਾਂ-ਚੁੱਕਾਂ ਲਈ ਖਿਮਾ ਦਾ ਜਾਚਕ ਹੈ। ਸ਼੍ਰੀ ਅਕਾਲ ਤਖਤ ਸਾਹਿਬ ਵੱਲੋਂ ਗੁਰਮਤਿ ਪ੍ਰੰਪਰਾਵਾਂ ਅਨੁਸਾਰ ਜਾਰੀ ਕੀਤੇ ਹਰ ਹੁਕਮ ਨੂੰ ਦਾਸ ਅਤੇ ਮੇਰੇ ਸਾਥੀ ਖਿੜੇ ਮੱਥੇ ਪ੍ਰਵਾਨ ਕਰਨਗੇ। ਮੇਰੀ ਅਰਦਾਸ ਹੈ ਕਿ ਅਕਾਲ ਪੁਰਖ ਪੰਥ ਅਤੇ ਪੰਜਾਬ ਨੂੰ ਹਮੇਸ਼ਾਂ ਚੜ੍ਹਦੀਕਲਾ ਵਿੱਚ ਰੱਖੇ।

ਆਦਰ ਤੇ ਸਤਿਕਾਰ ਸਹਿਤ,

ਗੁਰੂ ਪੰਥ ਦਾ ਦਾਸ,

(ਸੁਖਬੀਰ ਸਿੰਘ ਬਾਦਲ)
ਪ੍ਰਧਾਨ।

ਪਤਾ ਦਫ਼ਤਰ : ਪਲਾਟ ਨੰ. 6, ਸੈਕਟਰ 28-ਬੀ, ਮੱਧਿਆ ਮਾਰਗ, ਚੰਡੀਗੜ੍ਹ - 160002
Address : Plot No. 6, Sector 28-B, Madhya Marg, Chandigarh - 160 002
E-mail : shiromaniakalidal2017@gmail.com, akalidalheadoffice@gmail.com
Phone : 0172-2639256

ਈ-ਮੇਲ :
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

☎ 2553957
2553958
2553959
ਫ਼ੈਕਸ – 0183-2553919

# ਦਫ਼ਤਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21172 ਮਿਤੀ 25-07-2024

ਗਿਆਨੀ ਰਘਬੀਰ ਸਿੰਘ ਜੀ,
ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥

ਮਾਨਯੋਗ ਸਿੰਘ ਸਾਹਿਬ ਜੀਓ,

ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੱਤਰ ਨੰਬਰ ਅ:ਤ/24/205 ਮਿਤੀ 17-7-2024 ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸੋਂ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੀ ਮੁਆਫ਼ੀ ਦੇ ਮਸਲੇ ਸੰਬੰਧੀ ਇਸ਼ਤਿਹਾਰਾਂ ਬਾਰੇ ਸਪੱਸ਼ਟੀਕਰਨ ਮੰਗਿਆ ਗਿਆ ਹੈ। ਇਸ ਸੰਬੰਧ ਵਿਚ ਬੇਨਤੀ ਹੈ ਕਿ 24 ਸਤੰਬਰ 2015 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਹੋਈ ਇਕੱਤਰਤਾ 'ਚ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੇ ਮਾਮਲੇ ਵਿਚ ਗੁਰਮਤਾ (ਨੰਬਰ ਅ:ਤ/3099) ਕੀਤਾ ਗਿਆ ਸੀ, ਜਿਸ ਮਗਰੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤਤਕਾਲੀ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਜੀ ਦੇ ਹੁਕਮ 'ਤੇ ਮੁੱਖ ਸਕੱਤਰ ਸ. ਹਰਚਰਨ ਸਿੰਘ ਵੱਲੋਂ ਵੱਖ-ਵੱਖ ਇਸ਼ਤਿਹਾਰ ਜਾਰੀ ਕਰਵਾਏ ਗਏ ਸਨ।

ਇਹ ਇਸ਼ਤਿਹਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਅਤੇ ਆਦੇਸ਼ ਦੇ ਸਤਿਕਾਰ, ਬੇਅਦਬੀਆਂ ਸੰਬੰਧੀ ਪਸ਼ਚਾਤਾਪ ਵਜੋਂ ਗੁਰਦੁਆਰਾ ਕਮੇਟੀਆਂ ਤੇ ਸਭਾ ਸੁਸਾਇਟੀਆਂ ਨੂੰ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦੀ ਅਪੀਲ, ਬੇਅਦਬੀ ਦੀਆਂ ਘਟਨਾਵਾਂ ਪ੍ਰਤੀ ਸੁਚੇਤ ਰਹਿਣ ਅਤੇ ਗੁਰੂ ਘਰਾਂ ਅੰਦਰ ਪਹਿਰੇਦਾਰੀ ਯਕੀਨੀ ਬਣਾਉਣ ਦੀ ਅਪੀਲ ਆਦਿ ਨਾਲ ਸੰਬੰਧਤ ਸਨ।

ਧੰਨਵਾਦ ਸਹਿਤ,

ਸ਼ੁਭਚਿੰਤਕ,

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ।